ਪਉੜੀ ॥ ਵਡੀ ਹੂ ਵਡਾ ਅਪਾਰੁ ਤੇਰਾ ਮਰਤਬਾ ॥ ਰੰਗ ਪਰੰਗ ਅਨੇਕ ਨ ਜਾਪਨ੍ਹਿ ਕਰਤਬਾ ॥ ਜੀਆ ਅੰਦਰਿ ਜੀਉ ਸਭੁ ਕਿਛੁ ਜਾਣਲਾ ॥ ਸਭੁ ਕਿਛੁ ਤੇਰੈ ਵਸਿ ਤੇਰਾ ਘਰੁ ਭਲਾ ॥ ਤੇਰੈ ਘਰਿ ਆਨੰਦੁ ਵਧਾਈ ਤੁਧੁ ਘਰਿ ॥ ਮਾਣੁ ਮਹਤਾ ਤੇਜੁ ਆਪਣਾ ਆਪਿ ਜਰਿ ॥ ਸਰਬ ਕਲਾ ਭਰਪੂਰੁ ਦਿਸੈ ਜਤ ਕਤਾ ॥ ਨਾਨਕ ਦਾਸਨਿ ਦਾਸੁ ਤੁਧੁ ਆਗੈ ਬਿਨਵਤਾ ॥ ੧੮॥ {ਪੰਨਾ 965}

ਪਦਅਰਥ:- ਅਪਾਰੁ—ਅ-ਪਾਰੁ, ਜਿਸ ਦਾ ਪਾਰਲਾ ਬੰਨਾ ਨਾਹ ਲੱਭ ਸਕੇ। ਮਰਤਬਾ —ਰੁਤਬਾ। ਰੰਗ ਪਰੰਗ —ਰੰਗ-ਬਰੰਗੇ। ਨ ਜਾਪਨਿ —ਸਮਝੇ ਨਹੀਂ ਜਾ ਸਕਦੇ। ਜੀਉ —ਜਿੰਦ, ਸਹਾਰਾ। ਜਾਣਲਾ—ਜਾਣਨ ਵਾਲਾ। ਵਸਿ—ਵੱਸ ਵਿਚ। ਭਲਾ—ਸੋਹਣਾ। ਘਰਿ—ਘਰ ਵਿਚ। ਤੁਧੁ ਘਰਿ—ਤੇਰੇ ਘਰ ਵਿਚ। ਵਧਾਈ —ਖ਼ੁਸ਼ੀਆਂ, ਸ਼ਾਦੀਆਨੇ। ਮਹਤਾ —ਮਹੱਤਤਾ, ਵਡਿਆਈ। ਤੇਜੁ —ਪਰਤਾਪ। ਜਰਿ—ਜਰਦਾ ਹੈਂ। ਕਲਾ —ਤਾਕਤ, ਸੱਤਿਆ। ਜਤ ਕਤਾ —ਹਰ ਥਾਂ। ਦਾਸਨਿ ਦਾਸੁ —ਦਾਸਾਂ ਦਾ ਦਾਸ।

ਅਰਥ:- ਹੇ ਪ੍ਰਭੂ! ਤੇਰਾ ਬੇਅੰਤ ਹੀ ਵੱਡਾ ਰੁਤਬਾ ਹੈ , (ਸੰਸਾਰ ਵਿਚ) ਤੇਰੇ ਅਨੇਕਾਂ ਹੀ ਕਿਸਮਾਂ ਦੇ ਕੌਤਕ ਹੋ ਰਹੇ ਹਨ ਜੋ ਸਮਝੇ ਨਹੀਂ ਜਾ ਸਕਦੇ। ਸਭ ਜੀਵਾਂ ਦੇ ਅੰਦਰ ਤੂੰ ਹੀ ਜਿੰਦ -ਰੂਪ ਹੈਂ, ਤੂੰ (ਜੀਵਾਂ ਦੀ) ਹਰੇਕ ਗੱਲ ਜਾਣਦਾ ਹੈਂ। ਸੋਹਣਾ ਹੈ ਤੇਰਾ ਟਿਕਾਣਾ , ਸਾਰੀ ਸ੍ਰਿਸ਼ਟੀ ਤੇਰੇ ਹੀ ਵੱਸ ਵਿਚ ਹੈ।

(ਇਤਨੀ ਸ੍ਰਿਸ਼ਟੀ ਦਾ ਮਾਲਕ ਹੁੰਦਿਆਂ ਭੀ ) ਤੇਰੇ ਹਿਰਦੇ ਵਿਚ ਸਦਾ ਆਨੰਦ ਤੇ ਖ਼ੁਸ਼ੀਆਂ ਹਨ , ਤੂੰ ਆਪਣੇ ਇਤਨੇ ਵੱਡੇ ਮਾਣ ਵਡਿਆਈ ਤੇ ਪਰਤਾਪ ਨੂੰ ਆਪ ਹੀ ਜਰਦਾ ਹੈਂ।

(ਹੇ ਭਾਈ!) ਸਾਰੀਆਂ ਤਾਕਤਾਂ ਦਾ ਮਾਲਕ-ਪ੍ਰਭੂ ਹਰ ਥਾਂ ਦਿੱਸ ਰਿਹਾ ਹੈ। ਹੇ ਪ੍ਰਭੂ! ਨਾਨਕ ਤੇਰੇ ਦਾਸਾਂ ਦਾ ਦਾਸ ਤੇਰੇ ਅੱਗੇ (ਹੀ) ਅਰਦਾਸ-ਬੇਨਤੀ ਕਰਦਾ ਹੈ। 18।